ਫਗਵਾੜਾ, 1 ਨਵੰਬਰ (ਸੱਤਿਅਮ ਸੋਨਕਰ) : ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਲੋਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਰਗਰਮੀਆਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਦੋਆਬੇ ਵਿੱਚ ਦਲ ਵਲੋਂ ਚੋਣ ਮੁਹਿੰਮ ਦਾ ਸ਼ੁਭ ਆਰੰਭ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਿਰ ਚੱਕ ਹਕੀਮ ਜੀ.ਟੀ.ਰੋਡ ਫਗਵਾੜਾ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਕੀਤਾ ਗਿਆ। ਇਸ ਮੌਕੇ ਪਾਰਟੀ ਉਮੀਦਵਾਰਾਂ ਦੀ ਜਿੱਤ, ਪੰਥ ਦੀ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਾਰਟੀ ਦੇ ਕਾਰਜਕਾਰਨੀ ਪ੍ਰਧਾਨ ਸ.ਇਮਾਨ ਸਿੰਘ ਮਾਨ ਅਤੇ ਪਾਰਟੀ ਦੇ ਮੁੱਖ ਬੁਲਾਰੇ ਤੇ ਦੋਆਬਾ ਜ਼ੋਨ ਦੇ ਇੰਚਾਰਜ ਡਾਕਟਰ ਹਰਜਿੰਦਰ ਸਿੰਘ ਜੱਖੂ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਿਰ ਚੱਕ ਹਕੀਮ ਵਿਖੇ ਨਤਮਸਤਕ ਹੋਏ ਅਤੇ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਪਾਰਟੀ ਦੇ ਕਾਰਜਕਾਰਨੀ ਪ੍ਰਧਾਨ ਸ. ਇਮਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪੰਜਾਬ ਵਿਧਾਨ ਸਭਾ ਚੋਣਾਂ ਸਿੱਖ ਕੌਮ ਦੇ ਜਰਨੈਲ ਤੇ ਪਾਰਟੀ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਵਿੱਚ ਪੂਰੇ ਜ਼ੋਰ ਸ਼ੋਰ ਨਾਲ ਲੜੇਗਾ । ਇਮਾਨ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਅੰਦਰ ਪੰਥਕ ਸਰਕਾਰ ਬਣਾਉਣ ਲਈ ਅਕਾਲੀ ਦਲ ਅੰਮ੍ਰਿਤਸਰ ਕੋਈ ਵੀ ਕੁਰਬਾਨੀ ਕਰਨ ਨੂੰ ਤਿਆਰ ਹੈ। ਇਮਾਨ ਸਿੰਘ ਮਾਨ ਨੇ ਦੋਆਬੇ ਦੇ ਸਾਰੇ ਹਲਕਾ ਇੰਚਾਰਜਾਂ ਨੂੰ ਅਪੀਲ ਕੀਤੀ ਕਿ ਪਾਰਟੀ ਦਾ ਏਜੰਡਾ ਹਰ ਵਰਗ ਤੇ ਹਰ ਘਰ ਤੱਕ ਪਹੁੰਚਾਇਆ ਜਾਵੇ ਅਤੇ ਹਰ ਵਰਗ ਨੂੰ ਪਾਰਟੀ ਨਾਲ ਜੋੜਨ ਦਾ ਕੰਮ ਅੱਜ ਤੋਂ ਹੀ ਸ਼ੁਰੂ ਕਰ ਦੇਣ।ਇਸ ਮੌਕੇ ਪਾਰਟੀ ਦੇ ਬੁਲਾਰੇ ਤੇ ਦੋਆਬਾ ਜ਼ੋਨ ਦੇ ਇੰਚਾਰਜ ਡਾ.ਹਰਜਿੰਦਰ ਸਿੰਘ ਜੱਖੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨਸ਼ੇ ਦੇ ਖਾਤਮੇ ਅਤੇ ਪੰਥਕ ਮੁੱਦਿਆ ਨੂੰ ਲੈ ਕੇ ਪੰਜਾਬ ਵਿਧਾਨ ਸਭਾ ਚੋਣਾਂ ਲੜੇਗੀ। ਡਾ.ਹਰਜਿੰਦਰ ਜੱਖੂ ਨੇ ਕਿਹਾ ਕਿ ਪੰਥਕ ਸਰਕਾਰ ਬਣਾ ਕੇ ਹੀ ਨਸ਼ਿਆਂ ਦਾ ਖਾਤਮਾ ਕਰਕੇ ਪੰਜਾਬ ਦੀ ਜਵਾਨੀ ਨੂੰ ਬਣਾਇਆ ਜਾ ਸਕਦਾ ਹੈ। ਉਨ੍ਹਾ ਨੇ ਕਿਹਾ ਕਿ ਗੁਰੂ ਦੇ ਸਿਧਾਂਤਾਂ ਨੂੰ ਪਰਨਾਈ ਪੰਥਕ ਸਰਕਾਰ ਬਣਕੇ ਪੰਜਾਬ ਨੂੰ ਨਸ਼ਾ ਮੁਕਤ, ਪੁਲਿਸ ਜਬਰ ਮੁਕਤ ਅਤੇ ਭ੍ਰਿਸ਼ਟਾਚਾਰ ਮੁਕਤ ਬਣਾਇਆ ਜਾ ਸਕਦਾ ਹੈ।ਹੀ



ਬੇਅਦਬੀ।ਅੱਜ ਦੇ ਰਿਕਾਰਡਤੋੜ ਇਕੱਠ ਨੇ ਜੈਕਾਰਿਆਂ ਦੀ ਗੂੰਜ ਵਿੱਚ ਪਾਰਟੀ ਹਾਈਕਮਾਂਡ ਤੋਂ ਮੰਗ ਕੀਤੀ ਕਿ ਟਾਂਡਾ ਵਿਧਾਨ ਸਭਾ ਤੋਂ ਸ. ਇਮਾਨ ਸਿੰਘ ਮਾਨ ਨੂੰ ਚੋਣ ਲੜਾਈ ਜਾਵੇ। ਇਸ ਦੌਰਾਨ ਡਾ.ਹਰਜਿੰਦਰ ਸਿੰਘ ਜੱਖੂ ਨੇ ਅਹਿਮ ਐਲਾਨ ਕਰਦੇ ਹੋਏ ਮਰਹੂਮ ਭਾਈ ਸੰਦੀਪ ਸਿੰਘ ਖਾਲਸਾ ਜੀ ਦੀ ਸਿੰਗਣੀ ਬੀਬੀ ਮਨਜੀਤ ਕੌਰ ਖਾਲਸਾ ਨੂੰ ਟਾਂਡਾ ਵਿਧਾਨ ਸਭਾ ਹਲਕੇ ਦੀ ਇੰਚਾਰਜ ਨਿਯੁਕਤ ਕੀਤਾ।ਇਸ ਇਕੱਠ ਵਿੱਚ ਗੁਰਦੀਪ ਸਿੰਘ ਖੁਣ ਖੁਣ, ਬੀਬੀ ਸੁਖਜੀਤ ਕੌਰ ਸਿੱਧੂ, ਗੁਰਨਾਮ ਸਿੰਘ ਸਿੰਘੜੀਵਾਲ, ਮੁਖਤਿਆਰ ਸਿੰਘ ਸੁਲਤਾਨਪੁਰ, ਸਰਬਜੀਤ ਸਿੰਘ ਖਾਲਸਾ, ਹਰਵਿੰਦਰ ਸਿੰਘ ਹੀਰਾ, ਭਾਈ ਜਗਦੀਸ਼ ਸਿੰਘ ਚੱਬੇਵਾਲ, ਪ੍ਰਿੰਸੀਪਲ ਗੁਰਨਾਮ ਸਿੰਘ, ਬੀਬਾ ਰਾਜਵਿੰਦਰ ਕੌਰ, ਗੁਰਵਿੰਦਰ ਸਿੰਘ ਮਿਆਣੀ, ਕੁਲਵੀਰ ਸਿੰਘ ਗੜਸ਼ੰਕਰ, ਓਂਕਾਰ ਸਿੰਘ ਜੌਹਲ, ਦਵਿੰਦਰ ਸਿੰਘ ਖਾਲਸਾ, ਨਿਰਮਲ ਸਿੰਘ ਸਮਰਾ, ਸੰਜੀਵ ਮੂਲ ਨਿਵਾਸੀ, ਪ੍ਰਿੰਸੀਪਲ ਕੇਵਲ ਸਿੰਘ, ਬੀਬਾ ਕਮਲਜੀਤ ਕੌਰ, ਜਲੰਧਰ ਗੁਰਮੁਖ ਸਿੰਘ ਬਾਜਵਾ, ਕੁਲਵਿੰਦਰ ਸਿੰਘ ਢਿੱਲਵਾਂ, ਬੀਬੀ ਕੁਲਵੰਤ ਕੌਰ ਟੂਰਾ ਅਤੇ ਡਾਕਟਰ ਅਵਨੀਤ ਕੌਰ ਜੱਖੂ, ਜੱਸੀ ਕੋਟਰਾਣੀ, ਦੀਪਾ ਰਾਵਲਪਿੰਡੀ, ਯਸ਼ਵੀਰ ਮੈਂਹੇ ਅਤੇ ਰਜੇਸ਼ ਕੁਮਾਰ ਲਵੀ ਹਾਜ਼ਰ ਸਨ।

ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ-160017
ਕੇਸ ਨੰ. ਓਏ/754/2025

ਐਕਟ ਦੀ ਧਾਰਾ 19 ਦੀ ਉਪ-ਧਾਰਾ (4) ਅਧੀਨ ਸੰਮਨ, ਕਰਜ਼ਾ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਦੇ ਨਾਲ ਪੜ੍ਹੇ ਜਾਂਦੇ ਹਨ।

ਈਐਕਸਐਚ ਨੰ. 34632

ਸੈਂਟਰਲ ਬੈਂਕ ਆਫ ਇੰਡੀਆ
ਬਨਾਮ
ਮੈਸ. ਓਂਕਾਰ ਐਂਟਰਪ੍ਰਾਇਜ਼ਜ਼ ਅਤੇ ਹੋਰ

ਵੱਲ,
(1) ਮੈਸ. ਓਂਕਾਰ ਐਂਟਰਪ੍ਰਾਇਜ਼ਜ਼ ਰਾਹੀਂ ਇਕਲੌਤੇ ਪ੍ਰੋਪ. ਮਨੋਜ ਕੁਮਾਰ ਐਮ.ਸੀ. ਨੰ. ਬੀ-XXI-3905/4, ਗਲੀ ਨੰ. 10, ਢਾਬਾ ਰੋਡ, ਨਿਊ ਜਨਤਾ ਨਗਰ, ਲੁਧਿਆਣਾ-141003
(2) ਮਨੋਜ ਕੁਮਾਰ ਪੁੱਤਰ ਵੇਦ ਪ੍ਰਕਾਸ਼ ਮਹਿੰਦੀ ਰੱਤਾ, ਮਕਾਨ ਨੰ. 16, ਨਿਊ ਮਾਡਲ ਟਾਊਨ, ਨੇੜੇ ਬਸ ਸਟੈਂਡ, ਲੁਧਿਆਣਾ 141002

ਸੰਮਨ

ਜਿਥੇ ਕਿ, ਓ.ਏ./754/2025, 16.10.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।

ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 42,45,043.00/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ.ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ ’ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ। (ਦਸਤਾਵੇਜ਼ਾਂ ਆਦਿ ਦੇ ਉਤਾਰਿਆਂ ਸਮੇਤ ਅਰਜ਼ੀ ਨੱਥੀ ਹੈ।)

ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।

ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 01.12.2026 ਨੂੰ **ਸਵੇਰੇ 10.30 ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ ’ਤੇ ਅਰਜ਼ੀ ’ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।

ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 16.10.2026 ਨੂੰ ਜਾਰੀ।

ਰਜਿਸਟਰਾਰ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)

ਚੋਰਾਂ ਦੇ ਹੌਸਲੇ ਬੁਲੰਦ, ਪਿੰਡਾਂ ’ਚ ਲਗਾਤਾਰ ਹੋ ਰਹੀਆਂ ਨੇ ਚੋਰੀਆਂ

ਭੋਗਪੁਰ, 1 ਨਵੰਬਰ (ਅਮਰਜੀਤ ਸਿੰਘ ਜੰਡੀਰ ਸੈਣੀ) : ਹਲਕਾ



ਆਦਮਪੁਰ ਦਾ ਭੋਗਪੁਰ ਸਦਾ ਹੀ ਸੁਰਖੀਆਂ ਦੇ ਵਿੱਚ ਰਿਹਾ ਹੈ, ਇਲਾਕੇ ਦੇ ਪਿੰਡਾਂ ਵਿੱਚ ਲਗਾਤਾਰ ਚੋਰੀਆਂ ਹੋ ਰਹੀਆਂ ਹਨ। ਭੋਗਪੁਰ ਦੇ ਨਾਲ ਲੱਗਦੇ ਪਿੰਡ ਜੰਡੀਰਾਂ ਵਿੱਚ ਅਜੇ ਦੋ ਦਿਨ ਪਹਿਲੇ ਹੀ ਲੁਟੇਰੇ 10 ਹਜਾਰ ਰੁਪਏ ਲੁੱਟ ਕੇ ਲੈ ਗਏ ਸਨ ਅਤੇ ਅੱਜ ਰਾਤ ਤਕਰੀਬਨ 12 ਵਜੇ ਪਿੰਡ ਦੇ ਸਕੂਲ ਦੇ ਨਾਲ ਖਲੋਤੀ ਟਰਾਲੀ ਨੂੰ ਚੋਰ ਸ਼ਰੇਆਮ ਚੋਰੀ ਕਰਕੇ ਲੈ ਗਏ। ਲੋਕਾਂ ਦਾ ਕਹਿਣਾ ਹੈ ਕਿ ਸੀਸੀ ਟੀਵੀ ਕੈਮਰੇ ਰਾਹੀਂ ਪਤਾ ਲੱਗਾ ਹੈ ਇੱਕ ਮੋਟਰਸਾਈਕਲ ਸਵਾਰ ਅਤੇ ਦੋ ਤਿੰਨ ਜਣੇ ਟਰੈਕਟਰ ਲੈ ਕੇ ਆਏ ਸਨ ਅਤੇ ਟਰਾਲੀ ਲੈ ਕੇ ਗੇਟ ਤੋਂ ਭੋਗਪੁਰ ਵੱਲ ਨੂੰ ਗਏ ਸਨ। ਜਿਸ ਦੀ ਸ਼ਿਕਾਇਤ ਥਾਣਾ ਭੋਗਪੁਰ ਨੂੰ ਦਿੱਤੀ ਗਈ ਹੈ। ਇਲਾਕੇ ਵਿੱਚ ਲਗਾਤਾਰ ਵਾਰਦਾਤਾਂ ਚੋਰੀਆਂ ਹੋ ਰਹੀਆਂ ਹਨ। ਲੋਕਾਂ ਨੇ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਜਲਦ ਤੋਂ ਜਲਦ ਧਿਆਨ ਦੇਵੇ ਹੋ ਰਹੀਆਂ ਗੁੰਡਾਗਰਦੀਆਂ, ਚੋਰੀਆਂ ਨੂੰ ਰੋਕਿਆ ਜਾਵੇ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਟਾਖ਼ੇ ਵੇਚਣ ਤੇ ਖਰੀਦ ਲਈ ਥਾਵਾਂ ਨਿਰਧਾਰਿਤ

ਲਾਇਸੰਸ ਧਾਰਕ ਸਵੇਰੇ 10 ਵਜੇ ਤੋਂ ਸ਼ਾਮ 7:30 ਵਜੇ ਤੱਕ ਪਟਾਕੇ ਵੇਚ ਸਕਣਗੇ : ਡਾ. ਅਮਨਦੀਪ ਕੌਰ

ਫਿਰੋਜ਼ਪੁਰ, 1 ਨਵੰਬਰ (ਤਿਵਾੜੀ) : ਵਧੀਕ ਜ਼ਿਲ੍ਹਾ ਮੈਜਿਸਟਰੇਟ ਫ਼ਿਰੋਜ਼ਪੁਰ ਡਾ. ਅਮਨਦੀਪ ਕੌਰ ਪੀ.ਸੀ.ਐਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫਿਰੋਜ਼ਪੁਰ ਦੇ ਬਜ਼ਾਰਾਂ ਵਿੱਚ ਕਿਸੇ ਕਿਸਮ ਦੀ ਉੱਚੀ ਆਵਾਜ਼ ਵਾਲੇ ਪਟਾਕੇ, ਆਤਿਸ਼ਬਾਜ਼ੀ ਆਦਿ ਨੂੰ (ਅਣ-ਅਧਿਕਾਰਤ ਤੌਰ ’ਤੇ) ਬਣਾਉਣ, ਸਟੋਰ ਕਰਨ, ਖਰੀਦਣ ਅਤੇ ਵੇਚਣ ’ਤੇ ਪੂਰਨ ਪਾਬੰਦੀ ਲਗਾਈ ਹੈ। ਇਸ ਦੇ ਨਾਲ ਹੀ ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਪਟਾਕਿਆਂ ਦੀ ਵਿਕਰੀ /ਖੀਦ ਲਈ ਤਿਉਹਾਰਾਂ ਦੇ ਅਵਸਰ ਨੂੰ ਮੁੱਖ ਰੱਖ ਕੇ ਜ਼ਿਲ੍ਹੇ ਵਿਚ ਥਾਵਾਂ ਨਿਰਧਾਰਿਤ ਕੀਤੀਆਂ ਹਨ। ਲਾਇਸੰਸ ਧਾਰਕ ਪਟਾਕਾ ਵਿਕ੍ਰੇਤਾਵਾਂ ਵੱਲੋਂ ਫਿਰੋਜ਼ਪੁਰ ਸ਼ਹਿਰ ਵਿਚ ਮਾਲ ਰੋਡ ਬੈਕ ਸਾਈਡ ਹਾਊਸਿੰਗ ਬੋਰਡ ਕਲੋਨੀ ਨੇੜੇ ਸਿਵਲ ਹਸਪਤਾਲ, ਫਿਰੋਜ਼ਪੁਰ ਕੈਂਟ ਵਿੱਚ ਮਨੋਹਰ ਲਾਲ ਸੀਨੀਅਰ ਸੈਕੰਡਰੀ ਸਕੂਲ, ਮਮਦੋਟ ਵਿਚ ਨੇੜੇ ਸਟੇਸ਼ਨ ਬੀ.ਐਸ.ਐਫ ਗਰਾਊਂਡ ਮਮਦੋਟ, ਤਲਵੰਡੀ ਭਾਈ ਵਿੱਚ ਦੁਸਹਿਰਾ ਗਰਾਊਂਡ, ਜ਼ੀਰਾ ਵਿੱਚ ਜੀਵਨ ਮੱਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਮੱਲਾਂਵਾਲਾ ਵਿਚ ਸ਼ਹੀਦ ਸੁਖਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੱਖੂ ਵਿੱਚ ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਅਤੇ ਗੁਰੂਹਰਸਹਾਏ ਵਿਚ ਗੁਰੂ ਰਾਮਦਾਸ ਸਟੇਡੀਅਮ ਨੇੜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਚ ਪਟਾਕੇ ਵੇਚੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪਟਾਕਿਆਂ ਦੀ ਵਿਕਰੀ ਸਿਰਫ ਉਸ ਲਾਇਸੰਸ ਸ਼ੁਦਾ ਵਿਕਰੇਤਾ ਵੱਲੋਂ ਹੀ ਕੀਤੀ ਜਾ ਸਕਦੀ ਹੈ ਜਿਸ ਨੂੰ ਦਫਤਰ ਜ਼ਿਲ੍ਹਾ ਮੈਜਿਸਟਰੇਟ, ਫਿਰੋਜ਼ਪੁਰ



ਵੱਲੋਂ ਆਰਜ਼ੀ ਲਾਇਸੰਸ ਜਾਰੀ ਕੀਤਾ ਗਿਆ ਹੋਵੇ। ਉਕਤ ਸਥਾਨਾਂ ਨੂੰ ਨੋ-ਸਮੋਕਿੰਗ ਏਰੀਆ ਘੋਸ਼ਿਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਲਾਇਸੰਸ ਧਾਰਕ ਦਾ ਪਟਾਕੇ ਵੇਚਣ ਦਾ ਸਮਾਂ ਸਵੇਰੇ 10:00 ਵਜੇ ਤੋਂ ਸ਼ਾਮ 7:30 ਵਜੇ ਤੱਕ ਹੋਵੇਗਾ ਅਤੇ ਇਸ ਤੋਂ ਇਲਾਵਾ ਜ਼ਿਲ੍ਹਾ ਫਿਰੋਜ਼ਪੁਰ ਅੰਦਰ ਹੋਰ ਕਿਸੇ ਥਾਂ ਦੀ ਵਰਤੋਂ ਪਟਾਖੇ ਅਤੇ ਆਤਿਸ਼ਬਾਜੀ ਦੀ ਖ੍ਰੀਦ ਵਿਕਰੀ ਲਈ ਨਹੀਂ ਕੀਤੀ ਜਾ ਸਕੇਗੀ ਅਤੇ ਸਿਰਫ ਹਰੇ ਪਟਾਕੇ (ਜੋ ਬੈਰੀਅਮ ਸਾਲਟ ਜਾ ਐਂਟੀਮੇਨੀ, ਲਿਥੀਅਮ, ਪਾਰਾ, ਆਰਸੈਨਿਕ, ਲੀਡ ਜਾ ਸਟ੍ਰੋਟੀਅਮ ਕ੍ਰੋਮੇਟ ਦੇ ਮਿਸ਼ਰਣ ਦੀ ਵਰਤੋਂ ਨਹੀ ਕਰਦੇ) ਦੀ ਵਰਤੋਂ ਦੀ ਆਗਿਆ ਦਿੱਤੀ ਜਾਂਦੀ ਹੈ। ਸਾਇਲੰਸ ਜ਼ੋਨ ਜਿਵੇਂ ਕਿ ਵਿਦਿਅਕ ਸੰਸਥਾਵਾਂ, ਹਸਪਤਾਲਾਂ, ਕੋਰਟ, ਧਾਰਮਿਕ ਥਾਵਾਂ ਆਦਿ ਦੇ ਨਜਦੀਕ ਪਟਾਕੇ ਅਤੇ ਆਤਿਸ਼ਬਾਜ਼ੀ ਚਲਾਉਣ ’ਤੇ ਪੂਰਨ ਪਾਬੰਦੀ ਰਹੇਗੀ।ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹਾ ਫਿਰੋਜ਼ਪੁਰ ਅੰਦਰ ਤਿਉਹਾਰਾਂ ਦੇ ਮੌਕੇ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕਰਦੇ ਹੋਏ ਮਿਤੀ 08 ਨਵੰਬਰ 2026 ਨੂੰ ਦੀਵਾਲੀ ਵਾਲੇ ਦਿਨ ਪਟਾਕੇ ਚਲਾਉਣ ਦਾ ਸਮਾਂ ਰਾਤ 8:00 ਤੋਂ 10:00 ਵਜੇ ਤੱਕ ਅਤੇ ਮਿਤੀ 24 ਨਵੰਬਰ 2026 ਨੂੰ ਗੁਰਪੁਰਬ ਦੇ ਮੌਕੇ ’ਤੇ ਸਵੇਰੇ 4 ਵਜੇ ਤੋਂ 5 ਵਜੇ ਰਾਤ 9 ਵਜੇ ਤੋਂ ਰਾਤ 10 ਵਜੇ ਤੱਕ ਅਤੇ ਮਿਤੀ 25-26 ਦਸੰਬਰ 2026 ਨੂੰ ਕ੍ਰਿਸਮਿਸ ਮੌਕੇ ਰਾਤ 11.55 ਤੋਂ 12.30 ਵਜੇ ਤੱਕ ਅਤੇ 31 ਦਸੰਬਰ 2026 - 01 ਜਨਵਰੀ 2026 ਨਵੇਂ ਸਾਲ ਮੌਕੇ ਰਾਤ 11.55 ਤੋਂ 12.30 ਵਜੇ ਤੱਕ ਦਾ ਸਮਾਂ ਨਿਰਧਾਰਤ ਕੀਤਾ ਹੈ।

ਡੀ.ਸੀ. ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਦਾ ਜਾਇਜ਼ਾ ਲਿਆ

ਫਤਿਹਗੜ੍ਹ ਚੂੜੀਆਂ/ਡੇਰਾ ਬਾਬਾ ਨਾਨਕ, 1 ਨਵੰਬਰ (ਰਾਜਨ ਸ਼ਰਮਾ/ਹੈਪੀ ਕੋਟਲੀ) : ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ ਵੱਲੋਂ ਅੱਜ ਫਤਿਹਗੜ੍ਹ ਚੂੜੀਆਂ, ਡੇਰਾ ਬਾਬਾ ਨਾਨਕ, ਕਲਾਨੌਰ ਦੇ ਵੱਖ-ਵੱਖ ਪਿੰਡਾਂ ਨਾਨਕ ਚੱਕ, ਕਾਦੀਆਂ ਰਾਜਪੂਤਾਂ, ਸ਼ਾਹਪੁਰ ਜਾਜਨ, ਉਦੋਵਾਲੀ ਖੁਰਦ, ਜੋੜੀਆਂ ਖੁਰਦ ਅਤੇ ਧਰਮਕੋਟ ਰੰਧਾਵਾ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਪਰਾਲੀ ਦੀ ਸਾਂਭ-ਸੰਭਾਲ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਐੱਸ ਪੀ ਬਟਾਲਾ ਨਵਜੋਤ ਸਿੰਘ ਸੰਧੂ, ਐੱਸ ਡੀ ਐਮ ਡੇਰਾ ਬਾਬਾ ਨਾਨਕ ਲਛਮਣ ਸਿੰਘ ਅਤੇ ਸੁਖਬੀਰ ਸਿੰਘ ਸੰਧੂ ਬਲਾਕ ਖੇਤੀਬਾੜੀ ਅਫਸਰ ਵੀ ਮੌਜੂਦ ਸਨ। ਇਸ ਮੌਕੇ ਰਸਤੇ ਵਿੱਚ ਖੇਤਾਂ ਵਿੱਚ ਲੱਗੀ ਅੱਗ ਨੂੰ ਫਾਇਰ ਬ੍ਰਿਗੇਡ ਨਾਲ ਬੁਝਾਇਆ ਵੀ ਗਿਆ। ਡਿਪਟੀ ਕਮਿਸ਼ਨਰ ਨੇ ਗੱਲਬਾਤ ਕਰਦਿਆਂ ਕਿਸਾਨਾਂ ਅਪੀਲ ਕੀਤੀ ਕਿ ਝੋਨੇ ਦੀ ਕਟਾਈ ਤੋਂ ਬਾਅਦ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਲੋੜੀਂਦੀ ਖੇਤੀ ਮਸ਼ੀਨਰੀ ਮੁਹੱਈਆ ਕਰਵਾਈ ਗਈ ਹੈ, ਜਿਸ ਦੀ ਵਰਤੋਂ ਕਰਕੇ ਇਨ-ਸੀਟੂ ਅਤੇ ਐਕਸ-ਸੀਟੂ ਤਰੀਕਿਆਂ ਰਾਹੀਂ ਪਰਾਲੀ ਦਾ ਸੁਚੱਜਾ ਪ੍ਰਬੰਧਨ ਕੀਤਾ ਜਾ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੇਲਰਾਂ ਨਾਲ ਪਰਾਲੀ ਦੀਆਂ ਗੱਠਾਂ ਬਣਾਉਣ ਉਪਰੰਤ ਫਸਲ ਦੀ ਰਹਿੰਦ ਖੂੰਹਦ ਨੂੰ ਵੀ ਅੱਗ ਨਾ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਬਹੁਤ ਸਾਰੇ ਅਗਾਂਹਵਧੂ ਕਿਸਾਨਾਂ ਵਲੋਂ ਪਰਾਲੀ ਦੀ ਸਾੜਨ ਦੀ ਬਜਾਇ ਉਸਨੂੰ ਪੈਲੀ ਵਿੱਚ ਵਾਹ ਕੇ ਕਣਕ ਦੀ ਬਿਜਾਈ ਕੀਤੀ ਜਾ ਰਹੀ ਹੈ, ਜੋ ਕੇ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਜਿੱਥੇ ਮਿੱਟੀ ਦੀ ਸਿਹਤ ਅਤੇ ਉਪਜਾਊ ਸ਼ਕਤੀ ’ਤੇ ਮਾੜਾ ਅਸਰ ਪੈਂਦਾ ਹੈ, ਉੱਥੇ ਹੀ ਵਾਤਾਵਰਣ ਵੀ ਪ੍ਰਦੂਸ਼ਿਤ ਹੁੰਦਾ ਹੈ, ਜਿਸ ਦਾ ਮਨੁੱਖੀ ਸਿਹਤ ’ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਬੇਲਰ ਮਾਲਕਾਂ ਵੱਲੋਂ ਇਕੱਠੀ ਕੀਤੀ ਗਈ ਪਰਾਲੀ ਦੇ ਡੰਪਾਂ ਦਾ ਦੌਰਾ ਵੀ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਪਰਾਲੀ ਦੇ ਇਨ੍ਹਾਂ ਡੰਪਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਅਤੇ ਇਨ੍ਹਾਂ ਦੇ ਸੁਚੱਜੇ ਪ੍ਰਬੰਧਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਇਕੱਠੀ ਕੀਤੀ ਗਈ ਪਰਾਲੀ ਦੀ ਸਾਂਭ-ਸੰਭਾਲ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਸੁਪਰ ਸੀਡਰ ਦੀ ਵਰਤੋਂ ਕਰਕੇ ਪਰਾਲੀ ਨੂੰ ਖੇਤਾਂ ਵਿੱਚ ਹੀ ਮਿਲਾ ਕੇ ਕਣਕ ਦੀ ਕੀਤੀ ਜਾ ਰਹੀ ਬਿਜਾਈ ਦਾ ਵੀ ਨਿਰੀਖਣ ਕੀਤਾ।ਇਸ ਮੌਕੇ ਐੱਸ ਡੀ ਐੱਮ ਲਛਮਣ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਖੇਤਾਂ ਵਿੱਚ ਹੀ ਵਾਹੁਣ ਨੂੰ ਤਰਜੀਹ ਦੇਣ, ਕਿਉਂਕਿ ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਹੁੰਦਾ ਹੈ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਆਉਂਦਾ ਹੈ।ਦੱਸਣਯੋਗ ਹੈ ਕਿ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਦੀ ਅਗਵਾਈ ਵਿੱਚ ਵਧੀਕ ਡਿਪਟੀ ਕਮਿਸ਼ਨਰ, ਸਮੂਹ ਐੱਸ ਡੀ ਐੱਮਜ, ਪੁਲਿਸ ਅਧਿਕਾਰੀ ਅਤੇ ਖੇਤੀਬਾੜੀ ਆਦਿ ਵਿਭਾਗ ਦੇ ਅਧਿਕਾਰੀਆਂ ਵਲੋਂ ਪਿੰਡ ਪਿੰਡ ਜਾ ਕੇ ਪਰਾਲੀ ਸਾੜਨ ਰੋਕਣ ਦੇ ਰੁਝਾਨ ’ਤੇ ਠੱਲ ਪਾਈ ਗਈ ਹੈ ਅਤੇ ਕਿਸਾਨਾਂ ਵਲੋਂ ਵੀ ਪ੍ਰਸ਼ਾਸਨ ਨਾਲ ਸਹਿਯੋਗ ਕੀਤਾ ਜਾ ਰਿਹਾ ਹੈ।

ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ

ਪਟਿਆਲਾ, 1 ਨਵੰਬਰ (ਚ.ਨ.ਸ): ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਜ਼ਿਲ੍ਹਾ ਕਮੇਟੀ ਪਟਿਆਲਾ ਵੱਲੋਂ ਸ੍ਰਿਸ਼ਟੀ ਰਚੇਤਾ ਮਹਾਂਰਿਸ਼ੀ ਭਗਵਾਨ ਵਾਲਮੀਕ ਜੀ ਦਾ ਪ੍ਰਗਟ ਦਿਵਸ ਨੂੰ ਸਮਰਪਿਤ ਇੱਕ ਸਾਦਾ ਸਮਾਗਮ ਯੂਨੀਅਨ ਦੇ ਜ਼ਿਲ੍ਹਾ ਦਫਤਰ ਰਾਜਪੁਰਾ ਕਾਲੋਨੀ ਵਿਖੇ ਕੀਤਾ ਗਿਆ। ਇਸ ਵਿੱਚ ਭਗਵਾਨ ਵਾਲਮੀਕ ਜੀ ਦੀ ਉਪਮਾ ਕੀਤੀ ਗਈ ਤੇ ਗੁਣਗਾਨ ਕੀਤਾ ਗਿਆ। ਇਹ ਗੁਣਗਾਨ ਸਾਥੀ ਦੀਪ ਚੰਦ ਹੰਸ ਵੱਲੋਂ ਕੀਤਾ ਗਿਆ। ਉਪਰੰਤ ਇਕੱਤਰਤਾ ਨੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਸਰਕਾਰ ਵਲੋਂ ਲਗਾਤਾਰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਜਯੋਤੀ ਪਚੰਡ ਦੀ ਰਸਮ ਮੱਖਣ ਸਿੰਘ ਨੇ ਕੀਤੀ।ਇਕੱਤਰਤਾ ਵਿੱਚ ਜੋ ਸਾਥੀ ਸ਼ਾਮਲ ਹੋਏ ਉਨ੍ਹਾਂ ਵਿੱਚ ਪ੍ਰਮੁੱਖ ਹਨ ਦਰਸ਼ਨ ਸਿੰਘ ਲੁਬਾਣਾ, ਦੀਪ ਚੰਦ ਹੰਸ, ਰਾਮ ਲਾਲ ਰਾਮਾ, ਸ਼ਿਵ ਚਰਨ, ਰਾਜੇਸ਼ ਗੋਲੂ, ਲਖਵੀਰ ਸਿੰਘ, ਪ੍ਰਕਾਸ਼ ਲੁਬਾਣਾ, ਧਰਮਿੰਦਰ, ਅਜੇ ਕੁਮਾਰ ਨਾਭਾ, ਸਤਿਨਰਾਇਣ ਗੋਨੀ, ਅਜੇ ਕੁਮਾਰ ਹੈਪੀ, ਸੰਜੂ ਗਿੱਲ, ਅਜੈ ਕੁਮਾਰ ਸਿੱਪਾ, ਅਮਲ ਕੁਮਾਰ, ਹਰਬੰਸ ਸਿੰਘ ਵਰਮਾ, ਦਿਆ ਸ਼ੰਕਰ, ਗੁਰਦੀਪ ਸਿੰਘ, ਆਦਿ ਆਦਿ ਸਾਥੀ ਸ਼ਾਮਲ ਸਨ।

SHRIRAM Finance

ਸ੍ਰੀਰਾਮ ਫਾਇਨਾਂਸ ਲਿਮਟਿਡ
ਪੰਜੀਕ੍ਰਿਤ ਦਫ਼ਤਰ : ਲਿਮਟਿਡ ਪੰਜੀਕ੍ਰਿਤ ਦਫ਼ਤਰ ਪਤਾ : ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : ਪਹਿਲੀ ਮੰਜ਼ਿਲ ਵਾਰਡ ਨੰ. 4 ਨੇੜੇ ਰੇਲਵੇ ਓਵਰ ਬ੍ਰਿਜ, ਬਾਬਾ ਬਕਾਲਾ ਮੋੜ, ਜੀਟੀ ਰੋਡ, ਰਈਆ, ਤਹਿਸੀਲ ਬਾਬਾ ਬਕਾਲਾ ਬਿਆਸ ਜ਼ਿਲ੍ਹਾ ਅੰਮ੍ਰਿਤਸਰ 143112 ਪੰਜਾਬ

ਸੰਕੇਤਕ ਕਬਜ਼ਾ ਸੂਚਨਾ

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।
ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ **26 ਅਕਤੂਬਰ**, 2026 ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਸੰਪੱਤੀ ਦੇ ਵੇਰਵੇ	ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1) ਸ਼੍ਰੀਮਤੀ ਰਣਜੀਤ ਕੌਰ, ਪਤਨੀ ਸ੍ਰੀ ਗੁਰਿੰਦਰ ਸਿੰਘ, ਵਾਸੀ ਪਿੰਡ ਟਕਾਪੁਰ, ਡਾਕਘਰ ਖੱਬਾ ਰਾਜਪੂਤਾਨ, ਤਹਿਸੀਲ ਬਾਬਾ ਬਕਾਲਾ, ਚਰਚ ਦੇ ਨੇੜੇ, ਜ਼ਿਲ੍ਹਾ ਅੰਮ੍ਰਿਤਸਰ, ਪਿੰਨ ਕੋਡ- 143114	ਸਾਲ 2015-16 ਦੀ ਜਮਾਬੰਦੀ ਅਨੁਸਾਰ, ਪਿੰਡ ਟਕਾਪੁਰ, ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ 2 ਕਨਾਲ 15 ਮਰਲੇ ਦੀ ਜਾਇਦਾਦ (ਜੋ ਕਿ ਖੇਵਟ ਖਤੌਨੀ ਨੰਬਰ 62/86, ਖਸਰਾ ਨੰਬਰ 6//7(9-4), 8(8-0), ਹੱਦ ਬਸਤ ਨੰਬਰ 64 ਅਧੀਨ ਆਉਂਦੀ 17 ਕਨਾਲ 4 ਮਰਲੇ ਜ਼ਮੀਨ ਵਿੱਚੋਂ 1011/6272 ਹਿੱਸਾ ਹੈ)। ਇਸ ਦੇ ਚਾਰੇ ਪਾਸੇ ਹਨ: ਪੂਰਬ ਵੱਲ - ਸੜਕ, ਪੱਛਮ ਵੱਲ - ਖੇਤੀਯੋਗ ਜ਼ਮੀਨ, ਉੱਤਰ ਵੱਲ - ਖੇਤੀਯੋਗ ਜ਼ਮੀਨ, ਦੱਖਣ ਵੱਲ - ਗੁਰਿੰਦਰ ਸਿੰਘ।	25,51,156/- ਰੁਪਏ (ਪੱਚੀ ਲੱਖ ਇਕਵੰਜਾ ਹਜ਼ਾਰ ਇੱਕ ਸੌ ਛਪੰਜਾ ਰੁਪਏ ਮਾਤਰ) ਖਾਤਾ ਨੰਬਰ: BEAASTF2204300002 ਮੰਗ ਸੂਚਨਾ ਦੀ ਮਿਤੀ 17.08.2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 26.10.2026 ਸਥਾਨ : ਟਕਾਪੁਰ ਅਧਿਕਾਰਤ ਅਧਿਕਾਰੀ, ਸ੍ਰੀਰਾਮ ਫਾਇਨਾਂਸ ਲਿਮਟਿਡ

SHRIRAM Finance

ਸ੍ਰੀਰਾਮ ਫਾਇਨਾਂਸ ਲਿਮਟਿਡ
ਪੰਜੀਕ੍ਰਿਤ ਦਫ਼ਤਰ : ਲਿਮਟਿਡ ਪੰਜੀਕ੍ਰਿਤ ਦਫ਼ਤਰ ਪਤਾ : ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟ੍ਰੀਅਲ ਅਸਟੇਟ, ਗਿੰਡੀ, ਚੇਨਈ, ਤਾਮਿਲਨਾਡੂ-600032, ਤਾਮਿਲਨਾਡੂ ਅਤੇ ਵੌਕਹਾਰਡ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਾਂਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬ) ਮੁੰਬਈ-40051

ਸ਼ਾਖਾ ਦਫ਼ਤਰ : 3-ਏ ਪਹਿਲੀ ਮੰਜ਼ਿਲ, ਉਪਰ ਐਚਡੀਐਫਸੀ ਬੈਂਕ, ਕੋਰਟ ਰੋਡ ਨੇੜੇ ਦੁਆਬਾ ਆਟੋਮੋਬਾਇਲਜ਼ ਅੰਮ੍ਰਿਤਸਰ 143001 ਪੰਜਾਬ

ਸੰਕੇਤਕ ਕਬਜ਼ਾ ਸੂਚਨਾ

ਜਿੱਥੇ, ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਵਜੋਂ, ਹੇਠ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(12) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰ ਨੂੰ ਮੰਗ ਨੋਟਿਸ ਜਾਰੀ ਕੀਤੇ, ਜਿਨ੍ਹਾਂ ਦੇ ਵੇਰਵੇ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦਿੱਤੇ ਗਏ ਹਨ।
ਕਰਜ਼ਦਾਰਾਂ ਵੱਲੋਂ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖ਼ਰੀ ਨੇ **28 ਅਕਤੂਬਰ**, 2026 ਨੂੰ ਉਕਤ ਐਕਟ ਦੀ ਧਾਰਾ 13(4) ਦੇ ਨਿਯਮ 8 ਦੇ ਤਹਿਤ ਉਸਨੂੰ ਦਿੱਤੇ ਗਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ	ਸੰਪੱਤੀ ਦੇ ਵੇਰਵੇ	ਮੰਗ ਸੂਚਨਾ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ
1) ਸ੍ਰੀ ਰਸ਼ਪਾਲ ਸਿੰਘ, ਸਪੁੱਤਰ ਸ੍ਰੀ ਜਗਤਾਰ ਸਿੰਘ, ਵਪਾਰਕ ਪਤਾ: ਭਾਸਕਰ ਭੈਣੀ ਰੋਡ, ਇੰਡੀਆ ਗੇਟ ਦੇ ਨੇੜੇ, ਅੰਮ੍ਰਿਤਸਰ, ਪਿੰਨ-143105। ਨਾਲ ਹੀ, ਸ੍ਰੀ ਰਸ਼ਪਾਲ ਸਿੰਘ, ਸਪੁੱਤਰ ਸ੍ਰੀ ਜਗਤਾਰ ਸਿੰਘ, ਵਾਸੀ ਪਿੰਡ ਘੁਮਣਪੁਰਾ, ਜ਼ਿਲ੍ਹਾ ਅੰਮ੍ਰਿਤਸਰ-143105। 2) ਸ਼੍ਰੀਮਤੀ ਕੁਲਦੀਪ ਕੌਰ, ਪਤਨੀ ਸ੍ਰੀ ਰਸ਼ਪਾਲ ਸਿੰਘ, ਵਾਸੀ ਪਿੰਡ ਘੁਮਣਪੁਰਾ, ਜ਼ਿਲ੍ਹਾ ਅੰਮ੍ਰਿਤਸਰ, ਪਿੰਨ-143105।	ਸਾਲ 2014-15 ਦੀ ਜਮਾਬੰਦੀ ਅਨੁਸਾਰ, ਪਿੰਡ ਘੁਮਣਪੁਰਾ (ਐਚ.ਬੀ. ਨੰਬਰ-357), ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਜਾਇਦਾਦ, ਜਿਸ ਦਾ ਰਕਬਾ 0 ਕਨਾਲ 13-1/2 ਮਰਲੇ ਹੈ। ਇਹ ਜਾਇਦਾਦ ਖਸਰਾ ਨੰਬਰ 62//17/2/2, 23, 24, 25/1, 25/2, 69//3, 4, 6, 7, 8 ਅਤੇ ਖਾਤਾ ਨੰਬਰ 5/10 ਦੇ ਅਧੀਨ ਆਉਂਦੀ ਹੈ। ਇਹ ਜਾਇਦਾਦ ਟਰਾਂਸਫਰ ਡੀਡ (ਵਸੀਕਾ ਨੰਬਰ 488, ਮਿਤੀ 11-01-2026) ਰਾਹੀਂ ਪ੍ਰਾਪਤ ਕੀਤੀ ਗਈ ਹੈ। ਇਸ ਦੀਆਂ ਹੱਦਾਂ ਇਸ ਪ੍ਰਕਾਰ ਹਨ: ਪੂਰਬ ਵੱਲ - ਦਿਲਬਾਗ ਸਿੰਘ, ਪੱਛਮ ਵੱਲ - ਆਪਣੀ ਮਾਲਕੀ, ਉੱਤਰ ਵੱਲ - ਮੇਹਲ ਸਿੰਘ, ਦੱਖਣ ਵੱਲ - ਰਸਤਾ।	ਰੁਪਏ 20,78,408/- (ਵੀਹ ਲੱਖ ਅਠੱਤਰ ਹਜ਼ਾਰ ਚਾਰ ਸੌ ਅੱਠ ਰੁਪਏ ਕੇਵਲ) ਖਾਤਾ ਨੰਬਰ: AMTSRTF1801250019; ਮੰਗ ਸੂਚਨਾ ਦੀ ਮਿਤੀ 03.08.2026

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦਾ ਕਾਨੂੰਨੀ ਸੰਕੇਤਕ ਕਬਜ਼ਾ ਰੱਖਦਾ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਦਰਸਾਈ ਗਈ ਉਪਰੋਕਤ ਸੁਰੱਖਿਅਤ ਜਾਇਦਾਦਾਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਨਹੀਂ ਕਰੇਗਾ।

ਮਿਤੀ : 28.10.2026 ਸਥਾਨ : ਘੁੰਮਣਪੁਰਾ ਅਧਿਕਾਰਤ ਅਧਿਕਾਰੀ, ਸ੍ਰੀਰਾਮ ਫਾਇਨਾਂਸ ਲਿਮਟਿਡ

ਯੂਕੋ ਬੈਂਕ
ਭਾਰਤ ਸਰਕਾਰ ਦਾ ਅਦਾਰਾ
UCO BANK (A Govt. of India Undertaking)

ਜ਼ੋਨਲ ਦਫਤਰ : ਐਸਸੀਓ 55-56-57, ਬੈਂਕ ਸਕੁਏਅਰ, ਸੈਕਟਰ 17-ਬੀ ਚੰਡੀਗੜ੍ਹ-160017, ਫੋਨ : 0172-5037339, 5037340

ਈ-ਨਿਲਾਮੀ ਵਿਕਰੀ ਦੀ ਵਿਕਰੀ ਸੂਚਨਾ (ਅਚੱਲ ਸੰਪਤੀ/ਆਂ ਦੇ ਲਈ)

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (ਸਰਫਾਇਸੀ) ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਬਾਰੇ ਈ-ਨਿਲਾਮੀ ਵਿਕਰੀ ਸੂਚਨਾ। ਆਮ ਕਰਕੇ ਜਨਤਾ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਂ) ਅਤੇ ਜ਼ਾਮਨ (ਂ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈਆਂ ਅਚੱਲ ਸੰਪੱਤੀਆਂ, ਜਿਸ ਦਾ ਸੰਕੇਤਕ/ਭੌਤਿਕ ਕਬਜ਼ਾ ਯੂਕੋ ਬੈਂਕ (ਸੁਰੱਖਿਅਤ ਕਰਜ਼ਦਾਤਾ) ਦੇ ਅਧਿਕਾਰਤ ਅਧਿਕਾਰੀਆਂ ਵੱਲੋਂ ਲਿਆ ਗਿਆ ਹੈ, ਦੀ ਵਿਕਰੀ “ਜਿਵੇਂ ਹੈ ਜਿਥੇ ਹੈ”, “ਜਿਵੇਂ ਹੈ ਜੋ ਹੈ” ਅਤੇ “ਜੋ ਵੀ ਉਥੇ ਹੈ ਅਧਾਰ” ’ਤੇ ਕੀਤੀ ਜਾਵੇਗੀ ਅਤੇ ਅਚੱਲ ਸੰਪੱਤੀਆਂ ਦੀ ਖਰੀਦ ਲਈ ਇੱਛੁਕ ਖਰੀਦਦਾਰਾਂ ਤੋਂ ਬੋਲੀਆਂ ਨਿਮਨ ਦਰਸਾਏ ਅਨੁਸਾਰ ਮੰਗੀਆਂ ਜਾਂਦੀਆਂ ਹਨ :-

ਲ. ਨੰ.	ਸ਼ਾਖਾ ਅਤੇ ਕਰਜ਼ਦਾਰ (ਂ)/ ਜ਼ਾਮਨ (ਂ) ਦਾ ਨਾਮ	ਅਚੱਲ ਸੰਪਤੀਆਂ ਦੇ ਵੇਰਵੇ	ਕਬਜ਼ੇ ਦੀ ਮਿਤੀ ਕਬਜ਼ੇ ਦੀ ਸਥਿਤੀ (ਭੌਤਿਕ ਜਾਂ ਸੰਕੇਤਕ)	ਮੰਗ ਸੂਚਨਾ ਦੀ ਮਿਤੀ ਅਤੇ ਰਕਮ	ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ	ਸੰਬੰਧਤ ਅਧਿਕਾਰੀ ਦੇ ਵੇਰਵੇ	ਈ-ਨਿਲਾਮੀ ਦੀ ਮਿਤੀ ਅਤੇ ਸਮਾਂ
1.	ਬੀ/ਓ : ਰਾਜਪੁਰਾ 1. ਸ੍ਰੀ ਮਨਦੀਪ ਕੁਮਾਰ ਪੁੱਤਰ ਜਗਦੀਸ਼ ਕੁਮਾਰ ਵਾਸੀ ਬਲਜੀਤ ਕਲੋਨੀ, ਪਿੰਡ ਚੌਰਾ, ਪਟਿਆਲਾ, ਪੰਜਾਬ 147002 2. ਸ਼੍ਰੀਮਤੀ ਅਨੂੰ ਰਾਣੀ ਪਤਨੀ ਮਨਦੀਪ ਕੁਮਾਰ, ਵਾਸੀ ਬਲਜੀਤ ਕਲੋਨੀ ਪਿੰਡ ਚੌਰਾ, ਪਟਿਆਲਾ ਪੰਜਾਬ 147002, 3. ਸ੍ਰੀ ਸੰਦੀਪ ਕੁਮਾਰ ਵਾਸੀ ਬਲਜੀਤ ਕਲੋਨੀ ਪਿੰਡ ਚੌਰਾ ਪਟਿਆਲਾ, ਪੰਜਾਬ 147002	ਵਿਕਰੀ ਡੀਡ ਵਸੀਕਾ ਨੰ. 2020-21/11/1/7379 ਮਿਤੀ 06.11.2020 ਦੇ ਅਧੀਨ 33 ਬਿਘੇ 12 ਬਿਸਵੇ ਵਿਚੋਂ 02 ਬਿਸਵੇ ਮਾਪ ਦੇ ਖੇਵਟ/ਖਤੌਨੀ ਨੰ. 33/33, ਖਸਰਾ ਨੰ. 400 (6-5), 432 (6-5), 433 (6-12), 386 (3-0), 387 (6-5), 431 (5-5), ਕਿਤੇ 6 ਵਿਚ ਸ਼ਾਮਲ ਨਿਰਮਿਤ ਮਕਾਨ ਅਤੇ ਪਲਾਟ ਨੰ. 52 ਅਧੀਨ ਸ੍ਰੀਮਤੀ ਅਨੂੰ ਰਾਣੀ ਸੁਪਤਨੀ ਮਨਦੀਪ ਕੁਮਾਰ ਦੇ ਨਾਮ ’ਤੇ ਅਚੱਲ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। ਹੱਦਬੰਦੀ ਨਿਮਨ ਅਨੁਸਾਰ : ਪੂਰਬ : ਪਲਾਟ ਨੰ. 52 ਮਿਨ, ਬਾਹੀ 45’, ਪੱਛਮ : ਪਲਾਟ ਨੰ. 51, ਬਾਹੀ 45’,ਉੱਤਰ : ਸੜਕ 20’, ਬਾਹੀ 20’, ਦੱਖਣ : ਪਲਾਟ ਨੰ. 23, ਬਾਹੀ 19’	17.02.2026/ ਸੰਕੇਤਕ	12.12.2025 Rs. 24,85,420/-	Rs. 29,77,000/- / Rs. 2,98,000/- / Rs. 10,000/-	ਪੰਕਜ ਕੁਮਾਰ (M) 9817386270 E-mail rjprcn@uco.bank.in.	17.11.2026 11:00 AM to 05.00 PM
2.	ਬੀ/ਓ : ਕਾਲਕਾ ਕਰਜ਼ਦਾਰ : 1. ਸ਼੍ਰੀਮਤੀ ਨਿਸ਼ਾ ਕਪਿਲ ਪਤਨੀ ਰਮੇਸ਼ ਕਪਿਲ, ਪਤਾ : 1127/4-ਡੀ, ਫਰੈਂਡਜ਼ ਕਲੋਨੀ, ਸਾਹਮਣੇ ਮਿੱਤਲ ਪ੍ਰਿੰਟਿੰਗ ਪ੍ਰੈਸ ਕਾਲਕਾ 133302 2. ਸ੍ਰੀ ਰਮੇਸ਼ ਕਪਿਲ ਪੁੱਤਰ ਸ੍ਰੀ ਬਲਦੇਵ ਰਾਜ ਪਤਾ : 1127/4-ਡੀ, ਫਰੈਂਡਜ਼ ਕਲੋਨੀ, ਸਾਹਮਣੇ ਮਿੱਤਲ ਪ੍ਰਿੰਟਿੰਗ ਪ੍ਰੈਸ, ਕਾਲਕਾ 133302	ਸ੍ਰੀਮਤੀ ਨਿਸ਼ਾ ਕਪਿਲ ਸਪੁੱਤਰੀ ਮਦਨ ਲਾਲ ਦੇ ਨਾਮ ’ਤੇ ਖਾਤਾ ਨੰ. 36/47, ਖਸਰਾ ਨੰ. 304 (2-0), ਵਾਕਾ ਮੌਜਾ ਮਹਿਤਾਬ ਹੱਦਬਸਤ ਨੰ. 140, ਤਹਿਸੀਲ ਕਾਲਕਾ, ਜ਼ਿਲ੍ਹਾ ਪੰਚਕੂਲਾ ਦੇ ਅਧੀਨ 4 ਬਿਸਵੇ ਮਾਪ ਵਾਲੀ ਰਿਹਾਇਸ਼ੀ ਸੰਪੱਤੀ। ਹੱਦਾਂ (ਡੀਡ ਦੇ ਅਨੁਸਾਰ): ਉੱਤਰ : ਗਲੀ, ਦੱਖਣ : ਵੀਰ ਚੰਦ, ਪੂਰਬ : ਬੀ. ਸੰਨਜ਼ ਟੇਲਰਜ਼, ਪੱਛਮ : ਸੜਕ।	20.01.2025/ ਸੰਕੇਤਕ	28.10.2024 Rs. 4,49,620/-	Rs. 54,00,000/- / Rs. 5,40,000/- / Rs. 20,000/-	ਸ਼ੈਫਾਲੀ ਸਰਦਾਨਾ Mob. No. 9915182026 Email: kalka@ucobank.bank.in	17.11.2026 11:00 AM to 05.00 PM
3.	ਬੀ/ਓ : ਨਾਭਾ ਕਰਜ਼ਦਾਰ : 1. ਬਲਵਿੰਦਰ ਕੁਮਾਰ ਪੁੱਤਰ ਕ੍ਰਿਸ਼ਨ ਕੁਮਾਰ, ਪਤਾ : ਬਲਦੇਵ ਕਲੋਨੀ, ਅਲੌਹਰਾਂ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ-147201 2. ਕਮਲਦੀਪ ਕੌਰ ਪੁੱਤਰ ਬਲਵਿੰਦਰ ਕੁਮਾਰ ਪਤਾ :ਬਲਦੇਵ ਕਲੋਨੀ, ਅਲੌਹਰਾਂ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ-147201 ਜ਼ਾਮਨ (ਂ): 1. ਹਰਮਨਜੀਤ ਸਿੰਘ ਪੁੱਤਰ ਸ੍ਰੀ ਬਲਵਿੰਦਰ ਸਿੰਘ ਪਤਾ : ਬਲਦੇਵ ਕਲੋਨੀ, ਅਲੌਹਰਾਂ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ-147201 2. ਅਮਨਦੀਪ ਕੁਮਾਰ ਸਪੁੱਤਰ ਬਲਵਿੰਦਰ ਕੁਮਾਰ, ਪਤਾ :- ਬਲਦੇਵ ਕਲੋਨੀ, ਅਲੌਹਰਾਂ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ-147201	ਯੂਕੋ ਬੈਂਕ ਨਾਭਾ ਮਿਤੀ 07.02.2022 ਕੋਲ ਪੰਜੀਕ੍ਰਿਤ ਮਾਲਕੀ ਡੀਡ ਨੰ. 3256 ਮਿਤੀ 04.02.2022 ਦੇ ਅਧੀਨ ਪੰਜੀਕ੍ਰਿਤ ਡਿਫੈਂਸ-3, ਅਲੌਹਰਾਂ ਨਾਭਾ, ਜ਼ਿਲ੍ਹਾ ਪਟਿਆਲਾ ਵਿਖੇ ਸਥਿਤ 102.22 ਵਰਗ ਗਜ਼ ਮਾਪ ਵਾਲਾ ਰਿਹਾਇਸ਼ੀ ਮਕਾਨ। ਡੀਡ ਅਨੁਸਾਰ ਹੱਦਬੰਦੀ ; ਪੂਰਬ : ਅਮਰਜੀਤ ਕੌਰ (46’-0”), ਪੱਛਮ : ਪੂਰਨ ਸਿੰਘ (46’-0”), ਉੱਤਰ : ਗਲੀ (20’-0”), ਦੱਖਣ : ਖਾਲੀ ਪਲਾਟ (20’-0”)।	11.11.2025/ ਸੰਕੇਤਕ	18.08.2025 Rs. 15,24,297/-	Rs. 15,78,000/- / Rs. 1,57,800/- / Rs. 10,000/-	ਸ੍ਰੀ ਸਾਹਿਲ ਗੁਪਤਾ Mob. No. 99881-28708, Email: nabha@ucobank.co.in	17.11.2026 11:00 AM to 05.00 PM

ਸਰਫਾਇਸੀ ਐਕਟ, 2002 ਦੇ ਨਿਯਮ 8 (6) ਦੇ ਅਧੀਨ ਵਿਧਾਨਕ 30 ਰੋਜ਼ਾ ਵਿਕਰੀ ਸੂਚਨਾ

ਨਿਯਮ ਅਤੇ ਸ਼ਰਤਾਂ : 1. ਵਿਕਰੀ ਸੁਰੱਖਿਆ ਵਿਆਜ (ਲਾਗੂਕਰਨ) 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਨਾਲ ਸੰਬਧਤ ਹੋਵੇਗੀ। 2. ਸੰਪੱਤੀਆਂ **“ਜਿਵੇਂ ਹੈ, ਜਿਥੇ ਹੈ ਆਧਾਰ” ਅਤੇ “ਜਿਵੇਂ ਹੈ ਜੋ ਹੈ ਆਧਾਰ” ਅਤੇ “ਜੋ ਵੀ ਉਥੇ ਹੈ ਆਧਾਰ”** ’ਤੇ ਵੇਚੀਆਂ ਜਾ ਰਹੀਆਂ ਹਨ। 3. ਉਕਤ ਸੂਚੀ ਵਿਚ ਦਰਸਾਏ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਵਿਚ ਸਹੀ ਦੱਸੇ ਗਏ ਹਨ ਪਰ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ। 4. ਨਿਲਾਮੀ ਵਿਕਰੀ ਪੋਰਟਲ **https://baanknet.com** ’ਤੇ **“ਈ-ਨਿਲਾਮੀ ਰਾਹੀਂ ਆਨਲਾਈਨ”** ਕੀਤੀ ਜਾਵੇਗੀ। 5. ਇੱਛੁਕ ਬੋਲੀਕਾਰਾਂ/ਖਰੀਦਦਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣਾ ਮੋਬਾਇਲ ਨੰਬਰ ਅਤੇ ਈਮੇਲ ਆਈ.ਡੀ. ਦੀ ਵਰਤੋਂ ਕਰਦੇ ਹੋਏ ਪੋਰਟਲ (**https://baanknet.com**) ’ਤੇ ਪੰਜੀਕਰਨ ਕਰਵਾ ਲੈਣ। ਅੱਗੇ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਲੋੜੀਂਦੇ ਕੇਵਾਈਸੀ ਦਸਤਾਵੇਜ਼ ਅਪਲੋਡ ਕਰ ਦੇਣ। ਇੱਕ ਵਾਰ ਕੇਵਾਈਸੀ ਦਸਤਾਵੇਜ਼ਾਂ ਦੀ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਵੱਲੋਂ ਪੜਤਾਲ ਹੋਣ ’ਤੇ (ਇਸ ਵਿਚ 2 ਕੰਮ ਵਾਲੇ ਦਿਨ ਲਗ ਸਕਦੇ ਹਨ), ਇੱਛੁਕ ਬੋਲੀਕਾਰਾਂ/ਖਰੀਦਦਾਰਾਂ ਨੂੰ ਪੋਰਟਲ ਵਿਚ ਈ-ਨਿਲਾਮੀ ਮਿਤੀ ਅਤੇ ਸਮੇਂ ਤੋਂ ਪਹਿਲਾਂ ਤੱਕ ਆਪਣੇ ਗਲੋਬਲ ਈਐਮਡੀ ਵੈਲੇਟ ਵਿਚ ਆਨਲਾਈਨ ਵਿਧੀ ਦੀ ਵਰਤੋਂ ਕਰਦੇ ਹੋਏ ਬਿਆਨਾ ਰਕਮ ਰਾਸ਼ੀ ਦਾ ਤਬਾਦਲਾ ਕਰਨਾ ਹੋਵੇਗਾ। ਪੰਜੀਕਰਨ, ਕੇਵਆਈਸੀ ਦਸਤਾਵੇਜ਼ਾਂ ਦੀ ਪੜਤਾਲ ਅਤੇ ਵੈਲੇਟ ਵਿਚ ਬਿਆਨਾ ਰਕਮ ਦੇ ਤਬਾਦਲੇ ਦਾ ਕੰਮ ਨਿਲਾਮੀ ਤੋਂ ਪਹਿਲਾਂ ਅਗਾਊਂ ਤੌਰ ’ਤੇ ਮੁਕੰਮਲ ਕਰਨਾ ਜ਼ਰੂਰੀ ਹੈ। 6. ਈ-ਨਿਲਾਮੀ ਦੇ ਲਈ ਪਲੇਟਫਾਰਮ (**https://baanknet.com**) ਈ-ਨਿਲਾਮੀ ਸਰਵਿਸ ਪ੍ਰੋਵਾਈਡਰ **ਹੈਲਪ ਡੈਸਕ ਨੰ.** +91 8291220220, **ਹੈਲਪਡੈਸਕ ਈ-ਮੇਲ ਆਈਡੀ : support.baanknet@psballiance.com** ਵੱਲੋਂ ਮੁਹੱਈਆ ਕੀਤਾ ਜਾਵੇਗਾ। ਇੱਛੁਕ ਬੋਲੀਕਾਰਾਂ/ਖਰੀਦਦਾਰਾਂ ਨੂੰ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਦੇ ਵੈਬਸਾਈਟ **https://baanknet.com** ’ਤੇ ਈ-ਨਿਲਾਮੀ ਪ੍ਰਕਿਰਿਆ ਵਿਚ ਭਾਗ ਲੈਣਾ ਹੋਵੇਗਾ। 7. ਸੰਪੱਤੀ ਸੰਬੰਧੀ ਕਿਸੇ ਵੀ ਪੁੱਛਗਿਛ ਲਈ **ਅਧਿਕਾਰਤ ਅਧਿਕਾਰੀ ਪ੍ਰੇਰਨਾ ਅਗਰਵਾਲ ਮਿੱਤਲ** ਮੋ: 9634544356 ਨੂੰ ਸੰਪਰਕ ਕੀਤਾ ਜਾ ਸਕਦਾ ਹੈ। 8. ਵਿਕਰੀ ਦੇ ਸਧਾਰਨ ਨਿਯਮ ਅਤੇ ਸ਼ਰਤਾਂ ਵਾਲੀ ਵਿਕਰੀ ਸੂਚਨਾ ਨਿਮਨਲਿਖਤ **ਵੈਬਸਾਈਟਾਂ/ਵੈਬ ਪੇਜ ਪੋਰਟਲ : https://baanknet.com** ’ਤੇ ਵਿਚ ਉਪਲਬਧ/ਪ੍ਰਕਾਸ਼ਿਤ ਹਨ। 9. ਈ-ਨਿਲਾਮੀ ਦੇ ਇੱਛੁਕ ਪ੍ਰਤੀਯੋਗੀ **ਪੋਰਟਲhttps://baanknet.com** ਤੋਂ ਇਸ ਈ-ਨਿਲਾਮੀ ਨਾਲ ਸੰਬਧਤ ਈ-ਨਿਲਾਮੀ ਦੇ ਸੰਚਾਲਨਾਤਮਕ ਭਾਗ ’ਤੇ ਸਹਾਇਤਾ ਮੈਨੂਅਲ, ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ, ਵਿਕਰੀ ਸੂਚਨਾ ਦੇ ਉਤਾਰੇ ਮੁਫਤ ਵਿਚ ਡਾਊਨਲੋਡ ਕਰ ਸਕਦੇ ਹਨ। 10. ਬੋਲੀਕਾਰ ਦੇ ਗਲੋਬਲ ਵੈਲੇਟ ਵਿਚ ਬੋਲੀ ਦੇਣ ਦੇ ਸਮੇਂ ਲੋੜੀਂਦਾ ਬਕਾਇਆ (>=ਬਿਆਨਾ ਰਕਮ ਰਾਸ਼ੀ) ਹੋਣਾ ਚਾਹੀਦਾ ਹੈ। 11. ਈ-ਨਿਲਾਮੀ ਦੇ ਦੌਰਾਨ ਬੋਲੀਕਾਰਾਂ ਨੂੰ ਆਖ਼ਰੀ ਕੋਟ ਕੀਤੀ ਬੋਲੀ ਨਾਲੋਂ ਵੱਧ ਅਤੇ ਉਪਰ ਪਰਸਪਰ ਬੋਲੀ ਵਿਚ ਉਚੇਰੀ ਬੋਲੀ ਪੇਸ਼ ਕਰਨ ਦਾ ਆਗਿਆ ਹੋਵੇਗੀ ਅਤੇ ਬੋਲੀ ਰਕਮ ਵਿਚ ਘੱਟੋ ਘੱਟ ਵਾਧਾ ਬੋਲੀਕਾਰਾਂ ਦ ਆਖ਼ਰੀ ਉਚੇਰੀ ਬੋਲੀ ਤੋਂ ਉਕਤ ਦਰਸਾਏ ਅਨੁਸਾਰ ਹੋਣਾ ਚਾਹੀਦਾ ਹੈ। ਨਿਰੰਤਰ ਉਚੇਰੀ ਬੋਲੀ ਕੋਟ ਕਰਨ ਲਈ ਬੋਲੀਕਾਰਾਂ ਨੂੰ ਵੀਹ (20) ਮਿੰਟਾਂ ਦਾ ਸਮਾਂ ਦਿੱਤਾ ਜਾਵੇਗਾ ਅਤੇ ਜੇਕਰ ਆਖ਼ਰੀ ਸਭ ਤੋਂ ਉਚੀ ਬੋਲੀ ਤੋਂ ਦਸ ਮਿੰਟ ਲੰਘਣ ਉਪਰੰਤ ਕਿਸੇ ਵੀ ਬੋਲੀਕਾਰ ਵੱਲੋਂ ਕੋਈ ਉਚੇਰੀ ਬੋਲੀ ਪੇਸ਼ ਨਹੀਂ ਕੀਤੀ ਜਾਂਦੀ ਤਾਂ ਈ-ਨਿਲਾਮੀ ਨੂੰ ਬੰਦ ਕਰ ਦਿੱਤਾ ਜਾਵੇਗਾ। 12. ਇਹ ਇੱਛੁਕ ਬੋਲੀਕਾਰ (ਂ) ਦੀ ਜ਼ਿੰਮੇਵਾਰੀ ਹੋਵੇਗੀ ਕਿ ਵਿਕਰੀ ਸੂਚਨਾ, ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ, ਈ-ਨਿਲਾਮੀ ਦੇ ਸੰਚਾਲਨਾਤਮਕ ਹਿੱਸੇ ਬਾਰੇ ਸਹਾਇਤਾ ਮੈਨੂਅਲ ਨੂੰ ਪੜ੍ਹ ਲੈਣ ਅਤੇ ਇਨ੍ਹਾਂ ਦਾ ਸਖ਼ਤੀ ਨਾਲ ਪਾਲਣ ਕਰਨ। ਈ-ਨਿਲਾਮੀ ਪ੍ਰਕਿਰਿਆ ਤੋਂ ਪਹਿਲਾਂ ਜਾਂ ਇਸਦੇ ਦੌਰਾਨ ਕਿਸੇ ਵੀ ਮੁਸ਼ਕਿਲ ਜਾਂ ਸਹਾਇਤਾ ਦੀ ਲੋੜ ਪੈਣ ਦੀ ਸੂਰਤ ਵਿਚ ਸਾਡੇ ਈ-ਨਿਲਾਮੀ ਸਰਵਿਸ ਪ੍ਰੋਵਾਈਡਰ (**https://baanknet.com**) ਦੇ ਅਧਿਕਾਰਤ ਪ੍ਰਤੀਨਿਧੀ ਨੂੰ ਸੰਪਰਕ ਕੀਤਾ ਜਾ ਸਕਦਾ ਹੈ। ਇਸ ਦੇ ਵੇਰਵੇ ਈ-ਨਿਲਾਮੀ ਪੋਰਟਲ ’ਤੇ ਉਪਲਬਧ ਹਨ। 13. ਅਧਿਕਾਰਤ ਅਧਿਕਾਰੀ ਵੱਲੋਂ ਈ-ਨਿਲਾਮੀ ਨੂੰ ਮੁਕੰਮਲ ਕਰਨ ਤੋਂ ਬਾਅਦ, ਸਿਰਫ਼ ਸਫਲ ਬੋਲੀਕਾਰ ਨੂੰ ਐਸਐਮਐਸ/ਈ-ਮੇਲ (ਸਰਵਿਸ ਪ੍ਰੋਵਾਈਡਰ ਨੂੰ ਉਨ੍ਹਾਂ ਵੱਲੋਂ ਦਿੱਤੇ ਗਏ/ਪੰਜੀਕ੍ਰਿਤ ਮੋਬਾਇਲ ਨੰਬਰ/ਈਮੇਲ ਪਤੇ ’ਤੇ) ਰਾਹੀਂ ਉਕਤ ਦਰਸਾਏ ਸਾਡੇ ਸਰਵਿਸ ਪ੍ਰੋਵਾਈਡਰ ਦੁਆਰਾ ਸੂਚਿਤ ਕੀਤਾ ਜਾਵੇਗਾ। 14. ਸੁਰੱਖਿਅਤ ਸੰਪੱਤੀ ਰਾਖਵੀਂ ਕੀਮਤ ਤੋਂ ਘੱਟ ਨਹੀਂ ਵੇਚੀ ਜਾਵੇਗੀ। ਅਧਿਕਾਰਤ ਅਧਿਕਾਰੀ ਕੋਲ ਪ੍ਰਵਾਨਯੋਗ ਨਾ ਪਾਏ ਜਾਣ ’ਤੇ ਕਿਸੇ ਵੀ ਬੋਲੀ ਨੂੰ ਪ੍ਰਵਾਨ ਕਰਨ ਜਾਂ ਸਾਰੀਆਂ ਬੋਲੀਆਂ ਨੂੰ ਰੱਦ ਕਰਨ ਜਾਂ ਬਿਨਾਂ ਕੋਈ ਵੀ ਕਾਰਨ ਦੱਸੇ, ਜੋ ਵੀ ਹੋਵੇ, ਕਿਸੇ ਵੀ ਸਮੇਂ ਨਿਲਾਮੀ ਨੂੰ ਮੁਲਤਵੀ/ਰੱਦ/ਬਰਖਾਸਤ/ਰੋਕਣ ਦਾ ਜਾਂ ਇਸ ਦੇ ਨਿਯਮਾਂ ਵਿਚ ਤਬਦੀਲੀ ਕਰਨ ਦਾ ਹੱਕ ਰਾਖਵਾਂ ਹੈ ਅਤੇ ਇਸ ਸਬੰਧ ਵਿਚ ਉਨ੍ਹਾਂ ਦਾ ਫੈਸਲਾ ਅੰਤਿਮ ਹੋਵੇਗਾ। 15. ਵਿਕਰੀ ਪ੍ਰਮਾਣ ਪੱਤਰ ਕਾਨੂੰਨ ਦੀਆਂ ਵਿਵਸਥਾਵਾਂ ਦੇ ਅਨੁਸਾਰ ਪੂਰਨ ਬੋਲੀ ਰਕਮ ਦੇ ਜਮ੍ਹਾਂ ਹੋਣ ’ਤੇ ਸਫਲ ਬੋਲੀਕਾਰ ਦੇ ਪੱਖ ਵਿਚ ਜਾਰੀ ਕੀਤਾ ਜਾਵੇਗਾ। 16. ਇਹ ਬੋਲੀਕਾਰਾਂ ਦੀ ਜ਼ਿੰਮੇਵਾਰੀ ਹੋਵੇਗੀ ਕਿ ਬੋਲੀ ਪੇਸ਼ ਕਰਨ ਤੋਂ ਪਹਿਲਾਂ ਸੰਪੱਤੀ ਅਤੇ ਇਸ ਦੀ ਮਿਣਤੀ ਬਾਰੇ ਜਾਂਚ ਅਤੇ ਖੁਦ ਦੀ ਤਸੱਲੀ ਕਰ ਲੈਣ। ਬੋਲੀਕਾਰ ਮੁਹੱਈਆ ਕੀਤੇ ਵੇਰਵਿਆਂ ਅਨੁਸਾਰ ਸੰਬੰਧਤ ਅਧਿਕਾਰੀ ਨਾਲ ਮਸ਼ਵਰਾ ਕਰਕੇ ਸੰਪੱਤੀ ਦੀ ਜਾਂਚ ਕਰ ਸਕਦੇ ਹਨ। ਸਾਰੇ ਵਿਧਾਨਕ ਬਕਾਏ/ਅਟੈਂਡੈਂਟ ਫੀਸਾਂ/ਪੰਜੀਕਰਨ ਫੀਸਾਂ, ਸਟੈਂਪ ਡਿਊਟੀ, ਕਰਾਂ ਆਦਿ ਸਮੇਤ ਹੋਰ ਬਕਾਏ ਖਰੀਦਦਾਰ ਵੱਲੋਂ ਅਦਾ ਕੀਤੇ ਜਾਣਗੇ। 18. ਬੈਂਕ ਦੇ ਅਧਿਕਾਰਤ ਅਧਿਕਾਰੀ ਸੰਪੱਤੀਆਂ (ਈ-ਨਿਲਾਮੀ ਵਾਲੀਆਂ) ਦੇ ਸਬੰਧ ਵਿਚ ਸਰਕਾਰ ਜਾਂ ਕਿਸੇ ਵੀ ਵਿਅਕਤੀ ਵੱਲ ਕਿਸੇ ਵੀ ਫੀਸ, ਭਾਰ, ਦੇਣਦਾਰੀ ਜਾਂ ਕਿਸੇ ਵੀ ਹੋਰ ਬਕਾਏ, ਭਾਵੇਂ ਬੈਂਕ ਨੂੰ ਜਾਣੂੰ ਹੋਣ ਜਾਂ ਨਾ ਦੇ ਲਈ ਜੁਆਬਦੇਹ ਨਹੀਂ ਹੋਣਗੇ। ਇੱਛੁਕ ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਵਿਧਾਨਕ ਦੇਣਦਾਰੀਆਂ, ਸੰਪੱਤੀ ਕਰ ਦੇ ਬਕਾਏ, ਬਿਜਲੀ ਦੇ ਬਕਾਏ ਆਦਿ ਸਮੇਤ ਸੰਪੱਤੀ ਉਪਰ ਦੇਣਦਾਰੀਆਂ ਸੰਬੰਧੀ ਆਪਣੀ ਸੁਤੰਤਰ ਪੁੱਛਗਿਛ ਕਰ ਲੈਣ। 19. ਬੋਲੀਕਾਰ ਨੂੰ ਢੁੱਕਵੀਂ ਇੰਟਰਨੈਟ ਕੁਨੈਕਟੀਵਿਟੀ, ਪਾਵਰ ਬੈਕ-ਅਪ ਆਦਿ ਯਕੀਨੀ ਬਣਾ ਲੈਣੇ ਚਾਹੀਦੇ ਹਨ। ਬੈਂਕ ਇੰਟਰਨੈਟ ਅਸਫਲਤਾ, ਬਿਜਲੀ ਅਸਫਲਤਾ ਜਾਂ ਤਕਨੀਕੀ ਕਾਰਨਾਂ ਕਰਕੇ ਪਏ ਕਿਸੇ ਵੀ ਵਿਘਨ ਜਾਂ ਈ-ਨਿਲਾਮੀ ਨੂੰ ਪ੍ਰਭਾਵਿਤ ਕਰਨ ਵਾਲੇ ਕਾਰਨਾਂ/ਅਚਨਚੇਤਾਵਾਂ ਦੇ ਲਈ ਜੁਆਬਦੇਹ ਨਹੀਂ ਹੋਵੇਗਾ। 20. ਸਫਲ ਬੋਲੀਕਾਰ ਨੂੰ 1% ਦਾ ਟੀਡੀਐਸ ਵੀ ਅਦਾ ਕਰਨਾ ਹੋਵੇਗਾ ਜੇਕਰ ਸੰਪੱਤੀ ਦੀ ਕੀਮਤ 50 ਲੱਖ ਤੋਂ ਵੱਧ ਹੋਵੇ। 21. ਇਸ ਸੂਚਨਾ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 9 (1) ਦੇ ਅਧੀਨ ਕਰਜ਼ਦਾਰ ਅਤੇ ਜ਼ਾਮਨ ਦੇ ਲਈ 30 ਰੋਜ਼ਾ ਵਿਧਾਨਕ ਵਿਕਰੀ ਸੂਚਨਾ ਵਜੋਂ ਵੀ ਸਮਝਿਆ ਜਾਵੇ। 22. ਇਕਲੇ ਬੋਲੀਕਾਰ ਹੋਣ ਦੀ ਸੂਰਤ ਵਿਚ ਉਸ ਦੇ ਬੋਲੀ ਫਾਰਮ ਵਿਚ ਕੋਟ ਕੀਤੀ ਬੋਲੀ ਰਕਮ ਵਿਚ ਘੱਟੋ ਘੱਟ ਇੱਕ ਬੋਲੀ ਵਾਧਾ ਲਾਗਤ ਤੱਕ ਸੁਧਾਰ ਹੋਣਾ ਲਾਜ਼ਮੀ ਹੈ, ਨਹੀਂ ਤਾਂ ਵਿਕਰੀ ਰੱਦ/ਬਰਖਾਸਤ ਕਰ ਦਿੱਤੀ ਜਾਵੇਗੀ। 23. ਵਿਕਰੀ ਦੀ ਪੁਸ਼ਟੀ ਨਹੀਂ ਕੀਤੀ ਜਾਵੇਗੀ, ਜੇਕਰ ਕਰਜ਼ਦਾਰ ਸਫਲ ਬੋਲੀਕਾਰ ਨੂੰ ਵਿਕਰੀ ਦੀ ਪੁਸ਼ਟੀ ਦਾ ਪੱਤਰ ਜਾਰੀ ਹੋਣ ਤੋਂ ਪਹਿਲਾਂ ਅਧਿਕਾਰਤ ਅਧਿਕਾਰੀ ਨੂੰ ਬੈਂਕ ਕਰਾਰ ਦੇ ਬਕਾਇਆ ਸਮੇਤ ਹੋਰ ਖਰਚਿਆਂ ਦਾ ਭੁਗਤਾਨ ਕਰ ਦਿੰਦਾ ਹੈ, ਅਜਿਹੇ ਮਾਮਲੇ ਵਿਚ ਬੈਂਕ ਸਫਲ ਬੋਲੀਕਾਰ ਵੱਲੋਂ ਜਮ੍ਹਾਂ ਕੀਤੀ ਸਮੁੱਚੀ ਰਕਮ ਬਿਨਾਂ ਵਿਆਜ ਤੋਂ ਵਾਪਸ ਕਰ ਦੇਵੇਗਾ।

ਮਿਤੀ : 31.10.2026 ਸਥਾਨ : ਚੰਡੀਗੜ੍ਹ ਅਧਿਕਾਰਤ ਅਧਿਕਾਰੀ, ਯੂਕੋ ਬੈਂਕ